ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

## ਆਨਲਾਈਨ ਪੋਰਟਲ 'ਤੇ ਦਰਜ ਕਰਵਾਈਆਂ ਜਾ ਸਕਦੀਆਂ ਨੇ ਗੈਰ-ਕਾਨੂੰਨੀ ਮਾਈਨਿੰਗ ਸਬੰਧੀ ਸ਼ਿਕਾਇਤਾਂ

## ਗੈਰ ਕਾਨੂੰਨੀ ਨਿਕਾਸੀ ਦੀਆਂ ਸ਼ਿਕਾਇਤਾਂ ਬਾਰੇ ਹੈਲਪ ਲਾਈਨ ਨੰਬਰ ਜਾਰੀ

ਫਾਜ਼ਿਲਕਾ 29 ਸਤੰਬਰ

ਜਨਰਲ ਮੈਨੇਜਰ-ਕਮ-ਮਾਈਨਿੰਗ ਅਫਸਰ ਸ੍ਰੀ ਕੁਲਵੰਤ ਵਰਮਾ ਨੇ ਦੱਸਿਆ ਕਿ ਜ਼ਿਲ੍ਹੇ ਅੰਦਰ ਮਾਈਨਿੰਗ ਦੀ ਗੈਰ-ਕਾਨੂੰਨੀ ਨਿਕਾਸੀ ਨੂੰ ਰੋਕਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਗੈਰ-ਕਾਨੂੰਨੀ ਮਾਈਨਿੰਗ ਨੂੰ ਰੋਕਣ ਸਬੰਧੀ ਆਨਲਾਈਨ ਪਾਰਟਲ 'ਤੇ ਸ਼ਿਕਾਇਤਾਂ ਦਰਜ ਕਰਵਾਈਆਂ ਜਾ ਸਕਦੀਆਂ ਹਨ।

ਜ਼ਿਲ੍ਹਾ ਮਾਈਨਿੰਗ ਅਫਸਰ ਨੇ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਆਨਲਾਈਨ ਪੋਰਟਲ ਦੇ ਨਾਲ-ਨਾਲ ਈਮੇਲ ਆਈ.ਡੀ. gmdicfzr@gmail.com 'ਤੇ ਵੀ ਸ਼ਿਕਾਇਤਾਂ ਦਰਜ ਕਰਵਾਈਆਂ ਜਾ ਸਕਦੀਆਂ ਹਨ। ਇਸ ਤੋਂ ਇਲਾਵਾ ਵਧੇਰੇ ਜਾਣਕਾਰੀ ਲਈ ਉਚ ਉਦਯੋਗਿਕ ਉਨਤੀ ਅਫਸਰ ਦੇ ਮੋਬਾਈਲ ਨੰਬਰ 98159-70264 ਅਤੇ ਹੈਲਪ ਲਾਈਨ ਨੰਬਰ 01632-220057 ਵੀ ਸੰਪਰਕ ਕੀਤਾ ਜਾ ਸਕਦਾ ਹੈ।